੦੦੭

ਸਿੱਖ ਧਰਮ

(ਲੇਖਕ: ਮ:ਜੁਗਿੰਦਰ ਸਿੰਘ)

ਮਨੁੱਖਾ ਜੀਵਨ ਦੇ ਮਨੋਰਥ ਦੀ ਸਿੱਧੀ ਲਈ ਜੋ ਮਹਾਂਪੁਰਖਾਂ ਨੇ ਰਸਤਾ ਦੱਸਿਆ ਹੈ, ਉਸ ਨੂੰ ਧਰਮ ਕਹਿੰਦੇ ਹਨ। (ਇਸ ਲਈ ਧਰਮ ਅਥਵਾ ਮਜ਼ਹਬ ਦਾ ਨਾਉਂ "ਪੰਥ" ਹੋਇਆ ਹੈ।) ਧਰਮ ਦੇ ਅਨੇਕ ਰਸਤਿਆਂ ਵਿੱਚੋਂ ਇੱਕ ਸ਼੍ਰੋਮਣੀ ਰਸਤਾ ਉਹ ਹੈ, ਜੋ ਗੁਰੂ ਨਾਨਕ ਜੀ ਤੋਂ ਲੈ ਕੇ ਗੁਰੂ ਗੋਬਿੰਦ ਸਿੰਘ ਸਾਹਿਬ ਤੱਕ ਦਸ ਗੁਰੂਆਂ ਨੇ ਦੱਸਿਆ ਹੈ। ਇਸ ਦਾ ਨਾਉਂ "ਸਿੱਖ ਧਰਮ" ਹੈ। ਇਸ ਧਰਮ ਦੇ ਮੋਟੇ-ਮੋਟੇ ਨਿਯਮ ਇਹ ਹਨ:-

ਧਰਮ ਦਾ ਮੁੱਖ ਮਨੋਰਥ ਸਵਰਗ ਲੋਕ ਦੀ ਪ੍ਰਾਪਤੀ ਨਹੀਂ, ਸਗੋਂ ਪਰਮ ਪਤੀ ਵਾਹਿਗੁਰੂ ਨਾਲ ਅਖੰਡ ਲਿਵ ਜੋੜ ਕੇ ਇੱਕ-ਮਿੱਕ ਹੋ ਜਾਣਾ ਹੈ, ਜਿਸ ਬਿਨਾਂ ਆਵਾਗਉਣ ਦੀ ਸਮਾਪਤੀ ਨਹੀਂ ਹੁੰਦੀ।

ਵਾਹਿਗੁਰੂ ਦਾ ਰੂਪ ਇਹ ਹੈ:-

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥

ਅਰਥਾਤ ਵਾਹਿਗੁਰੂ ਇੱਕ ਅਦੁੱਤੀ ਹੈ, ਸਦਾ ਅਵਿਨਾਸ਼ੀ ਹੈ, ਸਭ ਦੇ ਰਚਣ ਵਾਲਾ ਉਹੀ ਹੈ ਅਤੇ ਆਪਣੀ ਰਚਨਾ ਦੇ ਅੰਦਰ ਸਮਾਇਆ ਹੋਇਆ ਹੈ।

ਇਹੁ ਜਗੁ ਸਚੈ ਹੀ ਹੈ ਕੋਠੜੀ ਸਚੇ ਕਾ ਵਿਚਿ ਵਾਸੁ॥ (੪੬੩)

ਦੇਵਤਿਆਂ ਵਾਂਗ ਉਹ ਕਦੇ ਕਿਸੇ ਤੋਂ ਭੈ ਕਰਦਾ ਜਾਂ ਵੈਰੀਆਂ ਨੂੰ ਡਰਾਉਣ ਵਾਲਾ ਨਹੀਂ, ਨਿੱਤ ਆਨੰਦਰੂਪ ਹੈ, ਜਨਮ ਮਰਨ ਵਿੱਚ ਨਹੀਂ ਆਉਂਦਾ, ਉਹ ਸਭ ਦਾ ਕਰਤਾ ਹੈ, ਉਸ ਦਾ ਕਰਤਾ ਕੋਈ ਨਹੀਂ, ਉਸ ਮਹਾਂ ਜੋਤਿ ਦੀ ਕ੍ਰਿਪਾ ਨਾਲ ਸਭੋ ਕੁੱਝ ਪ੍ਰਾਪਤ ਹੋ ਸਕਦਾ ਹੈ। ਵਾਹਿਗੁਰੂ ਤੱਕ ਪਹੁੰਚਣ ਲਈ ਗੁਰੂ ਦੀ ਲੋੜ ਹੈ। ਇਹ ਗੁਰੂ ਦਸ ਸਤਿਗੁਰੂ ਹਨ ਅਤੇ ਉਨ੍ਹਾਂ ਦਾ ਸਮੁੱਚਾ ਰੂਪ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਨ।

ਬ੍ਰਹਮੁ ਬਿੰਦੇ ਸੋ ਸਤਿਗੁਰੁ ਕਹੀਐ ਹਰਿ ਹਰਿ ਕਥਾ ਸੁਣਾਵੈ॥ (੧੨੬੪)

ਜੋ ਗੁਰਮੁਖ ਪਿਆਰੇ ਸਤਿਗੁਰੂ ਦੇ ਸ਼ਬਦ ਦਾ ਭਾਵ ਅਤੇ ਧਰਮ ਦੇ ਭੇਤ ਦੱਸਦੇ ਹਨ, ਉਹ ਸਨਮਾਨ ਯੋਗ ਉਪਕਾਰੀ ਸੱਜਣ ਮੰਨੇ ਜਾਂਦੇ ਹਨ, ਜਿਨ੍ਹਾਂ ਦੀ ਸੰਗਤ ਨਾਲ ਅਸੀਂ ਆਪਣਾ ਉੱਚਾ ਆਚਰਣ ਬਣਾਉਣਾ ਹੈ।

- ਆਪਿ ਤਰੈ ਸਗਲੇ ਕੁਲ ਤਾਰੈ ਹਰਿ ਨਾਮੁ ਮੰਨਿ ਵਸਾਵਣਿਆ॥ (੧੨੮)

- ਮਹਾ ਪਵਿਤ੍ਰ ਸਾਧ ਕਾ ਸੰਗੁ॥ ਜਿਸੁ ਭੇਟਤ ਲਾਗੈ ਪ੍ਰਭ ਰੰਗੁ॥ (੩੯੨)

- ਸਤਿ ਪੁਰਖੁ ਜਿਨਿ ਜਾਨਿਆ ਸਤਿਗੁਰੁ ਤਿਸ ਦਾ ਨਾਉ॥
ਤਿਸ ਕੈ ਸੰਗਿ ਸਿਖੁ ਉਧਰੈ ਨਾਨਕ ਹਰਿ ਗੁਨ ਗਾਉ॥ (੨੮੬)

– ਧਨੁ ਧਨੁ ਹਰਿ ਗਿਆਨੀ ਸਤਿਗੁਰੂ ਹਮਾਰਾ ਜਿਨਿ ਵੈਰੀ ਮਿਤ੍ਰ ਹਮ ਕਉ ਸਭ ਸਮ ਦ੍ਰਿਸਟਿ ਦਿਖਾਈ॥ (੫੯੪)

– ਸਤਿਗੁਰੁ ਨਿਰਵੈਰ ਪੁੱਤ੍ਰ ਸਤ੍ਰ ਸਮਾਨੇ ਅਉਗਣ ਕਟੇ ਰਹੇ ਸੁਧੁ ਦੇਹਾ॥ (੯੬੦)

ਇਹ ਆਚਰਣ ਦੋ ਤਰ੍ਹਾਂ ਦਾ ਹੈ:–

(ੳ) ਸ਼ਖਸੀ

(ਅ) ਕੌਮੀ (ਪੰਥਿਕ)

(ੳ) ਸ਼ਖਸੀ ਆਚਰਣ ਦੇ ਮੋਟੇ–ਮੋਟੇ ਨੇਮ ਇਹ ਹਨ:–

(੧) ਵਾਹਿਗੁਰੂ ਨਾਲ ਲਿਵ ਜੋੜ ਕੇ ਨਾਮ ਸਿਮਰਨ ਕਰਨਾ:–

– ਦੁਖ ਭੁਖ ਨਹ ਵਿਆਪਈ ਜੇ ਸੁਖਦਾਤਾ ਮਨਿ ਹੋਇ॥
ਕਿਤ ਹੀ ਕੰਮਿ ਨ ਛਿਜੀਐ ਜਾ ਹਿਰਦੈ ਸਚਾ ਸੋਇ॥ (੪੩)

(੨) ਗੁਰਬਾਣੀ ਦਾ ਪਾਠ ਸਿਧਾਂਤ ਵਿਚਾਰ ਨਾਲ ਨਿੱਤ ਕਰਨਾ:–

– ਸਤਿਗੁਰ ਕੀ ਜਿਸ ਨੋ ਮਤਿ ਆਵੈ ਸੋ ਸਤਿਗੁਰ ਮਾਹਿ ਸਮਾਨਾ॥
ਇਹ ਬਾਣੀ ਜੋ ਜੀਅਹੁ ਜਾਣੈ ਤਿਸੁ ਅੰਤਰਿ ਰਵੈ ਹਰਿ ਨਾਮਾ॥ (੭੯੭)

– ਬਾਣੀ ਬਿਰਲਉ ਬੀਚਾਰਸੀ ਜੇ ਕੋ ਗੁਰਮੁਖਿ ਹੋਇ॥ (੯੩੫)

(੩) ਮਨੁੱਖ ਮਾਤ੍ਰ ਨੂੰ ਆਪਣੇ ਭਾਈ ਜਾਣ ਕੇ, ਜਾਤ–ਪਾਤ ਅਤੇ ਦੇਸ਼ਾਂ ਦਾ ਭੇਦ ਤਿਆਗ ਕੇ ਪ੍ਰੇਮ ਕਰਨਾ ਅਤੇ ਨਿਸ਼ਕਾਮ ਸੇਵਾ ਕਰਨੀ:–

– ਤੂੰ ਸਾਝਾ ਸਾਹਿਬੁ ਬਾਪੁ ਹਮਾਰਾ॥ (੯੭)

– ਏਕੁ ਪਿਤਾ ਏਕਸ ਕੇ ਹਮ ਬਾਰਿਕ॥ (੬੧੧)

(੪) ਗ੍ਰਹਿਸਥ ਵਿੱਚ ਰਹਿ ਕੇ ਧਰਮ ਦੀ ਕਮਾਈ ਨਾਲ ਨਿਰਬਾਹ ਕਰਨਾ:–

– ਜਤੀ ਸਦਾਵਹਿ ਜੁਗਤਿ ਨ ਜਾਣਹਿ ਛਡਿ ਬਹਹਿ ਘਰ ਬਾਰੁ॥ (੪੬੯)

– ਨਾਨਕ ਸਤਿਗੁਰਿ ਭੇਟਿਐ ਪੂਰੀ ਹੋਵੈ ਜੁਗਤਿ॥
ਹਸੰਦਿਆ ਖੇਲੰਦਿਆ ਪੈਨੰਦਿਆ ਖਾਵੰਦਿਆ ਵਿਚੇ ਹੋਵੈ ਮੁਕਤਿ॥ (੫੨੨)

– ਘਾਲਿ ਖਾਇ ਕਿਛੁ ਹਥਹੁ ਦੇਇ॥ ਨਾਨਕ ਰਾਹੁ ਪਛਾਣਹਿ ਸੇਇ॥ (੧੨੪੫)

(ਅ) ਪੰਥਿਕ ਆਚਰਣ ਲਈ ਜ਼ਰੂਰੀ ਹੈ ਕਿ:–

(੧) ਜਥੇਬੰਦੀ ਦੇ ਨਿਯਮਾਂ ਵਿੱਚ ਆ ਕੇ ਸਿੱਖ ਧਰਮ ਦੀ ਰਹਿਤ ਤੇ ਪੱਕਿਆਂ ਰਹਿਣਾ।

(੨) ਪੰਥ ਨੂੰ ਗੁਰੂ ਦਾ ਰੂਪ ਜਾਣ ਕੇ ਤਨ ਮਨ ਧਨ ਤੋਂ ਸਹਾਇਤਾ ਕਰਨੀ।

(੩) ਜਗਤ ਵਿੱਚ ਗੁਰਮਤ ਦਾ ਪ੍ਰਚਾਰ ਕਰਨਾ।

(੪) ਗੁਰੂ ਨਾਨਕ ਪੰਥੀ ਭਾਵੇਂ ਕਿਸੇ ਭੇਖ ਅਤੇ ਰੂਪ ਵਿੱਚ ਹੋਣ, ਉਨ੍ਹਾਂ ਨੂੰ ਸਿੱਖ ਧਰਮ ਦਾ ਅੰਗ ਜਾਣ ਕੇ ਸਨੇਹ ਕਰਨਾ, ਅਰ ਹਰ ਵੇਲੇ ਸਭਸ ਦਾ ਭਲਾ ਲੋਚਣਾ।

(੫) ਗੁਰਦੁਆਰਿਆਂ ਅਤੇ ਧਰਮ ਅਸਥਾਨਾਂ ਦੀ ਮਰਯਾਦਾ ਸਤਿਗੁਰਾਂ ਦੇ ਹੁਕਮ ਅਨੁਸਾਰ ਕਾਇਮ ਰੱਖਣੀ।